**Roll No ……………………..** **002/B**

Total No. of Question :9 ] [Total No. of Printed pages : 3]

**GENERAL PUNJABI**

**SS**

**2036**

**ANNUAL EXAMINATION SYSTEM**

(Common for All Groups and Vocational Stream)

Time allowed: 3 Hours Maximum Marks:50

**1.** ਸਾਰੇ ਪ੍ਰਸ਼ਨ ਜ਼ਰੂਰੀ ਹੈ। ਹਰੇਕ ਪ੍ਰਸ਼ਨ 1/2 ਅੰਕਦਾ ਹੈ।

(ੳ) ਡਾ. ਐੱਸ. ਐੱਸ. ਵਣਜਾਰਾ ਬੇਦੀ ਦਾ ਕਿਹੜਾ ਲੇਖ "ਲਾਜ਼ਮੀ ਪੰਜਾਬੀ ਪਾਠ-ਪੁਸਤਕ ਵਿੱਚ ਸ਼ਾਮਲ ਕੀਤਾ ਗਿਆ ਹੈ ? ½

(ਅ) ਪੰਜਾਬ ਦੀਆਂ ਨਕਲਾਂ ਪਾਠ ਦਾ ਲੇਖਕ ਕੌਣ ਹੈ ? ½

(ੲ) ਦੱਸੋ ਇਹ ਕਥਨ ਠੀਕ ਹੈ ਕਿ ਗਲਤ : ½

'ਪੰਜਾਬ ਦੇ ਬਹੁਤੇ ਮੇਲੇ ਮੌਸਮਾਂ, ਰੁੱਤਾਂ ਤੇ ਤਿਉਹਾਰਾਂ ਨਾਲ ਸੰਬੰਧਿਤ ਹਨ।

(ਸ) ਮਾਘੀ ਦਾ ਮੇਲਾ ਕਿੱਥੇ ਲੱਗਦਾ ਹੈ ? ½

(i) ਦਵਾਈਆਂ

(ii) ਰੋਟੀ

(iii) ਖੇਡ

(iv) ਹੱਸਣਾ-ਰੋਣਾ।

(ਹ) ਖ਼ਾਲੀ ਸਥਾਨ ਭਰੋ : ½

ਪੰਜਾਬ ਹਿੰਦੁਸਤਾਨ ਦਾ ਸਰਹੱਦੀ ਸੂਬਾ ਹੋਣ ਕਰਕੇ ਇੱਥੋਂ ਦੇ ਬਾਸ਼ਿੰਦੇ ਸੂਰਮਿਆਂ ……. ਦੀ ਕੌਮ ਹਨ।

(ਕ) ਨਕਲਾਂ ਕਰਨ ਵਾਲੇ ਕਲਾਕਾਰ ਨੂੰ ਕੀ ਕਿਹਾ ਜਾਂਦਾ ਹੈ ? ½

(ਖ) ਵਾਰਸ ਸ਼ਾਹ' ਕਿਸ ਕਵੀ ਦੀ ਰਚਨਾ ਹੈ ? ½

(ਗ) ਗੱਡੀ ਵਿੱਚ ਅੰਨਾ ਮੰਗਤਾ ਕਿਸ ਬਾਰੇ ਗੀਤ ਗਾ ਰਿਹਾ ਸੀ ? ½

(ਘ) ਅਖਾਉਤ ਪੂਰੀ ਕਰੋ : ½

ਆਪਣੇ ਹੱਥੀ ਆਪਣਾ………।

(ਙ) ਅਖਾਉਤ ਪੂਰੀ ਕਰੋ : ½

...... ਖੂਹ ਵੀ ਨਿਖੁੱਟ ਜਾਂਦੇ ਹਨ।

**2.** ਕਿਸੇ ਪੰਜ ਪ੍ਰਸ਼ਨਾਂ ਦੇ ਉੱਤਰ ਲਿਖੋ :

(ੳ) ਪੰਜਾਬੀ ਸੱਭਿਆਚਾਰ ਦੇ ਮੁੱਖ ਲੱਛਣ ਕੀ ਹਨ ? **3**

(ਅ) ਪੰਜਾਬ ਦੇ ਮੁੱਖ ਮੌਸਮੀ ਮੇਲੇ ਕਿਹੜੇ-ਕਿਹੜੇ ਹਨ ? ਇਹਨਾਂ ਵਿੱਚੋਂ ਕਿਸੇ ਇਕ ਸੰਖੇਪ ਨੋਟ ਲਿਖੋ। **3**

(ੲ) ਰਸਮ-ਰਿਵਾਜਾਂ ਦੇ ਪੈਦਾ ਹੋਣ ਦੇ ਕੀ ਕਾਰਨ ਦੱਸੇ ਗਏ ਹਨ ? **3**

(ਸ) ਪੁਰਾਤਨ ਸਮੇਂ ਵਿੱਚ ਪਿੰਡ ਵਾਸੀ ਆਪਣੇ ਪਿੰਡ ਦੇ ਲੋਕ-ਖਿਡਾਰੀਆਂ ਅਤੇ ਪਹਿਲਵਾਨਾ ਨੂੰ ਕਿਵੇਂ ਨਿਵਾਜਦੇ ਸਨ ? **3**

(ਹ) ਫਲਵਾਰੀ ਦੀ ਕਢਾਈ ਦੇ ਹੁਨਰ ਨੂੰ ਲੋਕ-ਕਲਾ ਦਾ ਸਿਖਰ ਕਿਉਂ ਮੰਨਿਆ ਜਾਂਦਾ ਹੈ **3**

(ਕ) ਪੰਜਾਬ ਦੇ ਲੋਕ-ਨਾਚਾਂ ਦੀ ਪਰੰਪਰਾ ਜਾਂ ਪਾਚੀਨਤਾ ਦਾ ਕਿਵੇਂ ਪਤਾ ਲਗਦਾ ਹੈ : **3**

(ਖ) ਪੇਸ਼ਕਾਰੀ ਦੇ ਪੱਖੋਂ ਨਕਲਾਂ ਦੀਆਂ ਕਿਹੜੀਆਂ-ਕਿਹੜੀਆਂ ਕਿਸਮਾਂ ਹਨ ? **3**

(ਗ) ਸਾਨੂੰ ਆਪਣੇ ਪੰਜਾਬੀ ਸੱਭਿਆਚਾਰ ਦੇ ਰਵਾਇਤੀ ਖਾਣੇ ਨੂੰ ਕਿਉਂ ਤਰਜੀਹ ਦੇਣੀ ਚਾਹੀਦੀ ਹੈ ? **3**

**3 .** ਪੰਜਾਬ ਖੇਤੀ-ਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਆਯੋਜਿਤ ਹੋਣ ਵਾਲੇ ਕਿਸੇ ਕਿਸਾਨ ਮੇਲੇ ਵਿੱਚ ਆਪਣੀ ਸਟਾਲ ਲਾਉਣ ਲਈ ਮੇਲਾ-ਪ੍ਰਬੰਧਕਾਂ ਨੂੰ ਪੱਤਰ ਲਿਖੋ। **5**

**ਜਾਂ**

ਤੁਹਾਡੇ ਸਕੂਲ ਵਿੱਚ ਸਰਕਾਰ ਵੱਲੋਂ ਵਿਦਿਆਰਥੀਆਂ ਦੀ ਯੂਨੀਫਾਰਮ ਖ਼ਰੀਦਣ ਲਈ ਗ੍ਰਾਂਟ ਆਈ ਹੈ। ਵੇਰਵੇ ਦੱਸਦੇ ਹੋਏ ਕਿਸੇ ਫ਼ਰਮ ਤੋਂ ਕੁਟੇਸ਼ਨਾਂ ਦੀ ਮੰਗ ਕਰੋ।

**4.** ਹੇਠ ਲਿਖੇ ਪੈਰੇ ਦੀ ਸੰਖੇਪ-ਰਚਨਾ ਕਰੋ ਅਤੇ ਢੁਕਵਾਂ ਸਿਰਲੇਖ ਵੀ ਲਿਖੋ : **4**

ਅੰਗਰੇਜ਼ੀ ਦੇ ਇੱਕ ਲਿਖਾਰੀ ਨੇ ਕਿਹਾ ਹੈ ਕਿ ਰਾਤ ਨੂੰ ਛੇਤੀ ਸੌਂ ਜਾਣ ਨਾਲ ਅਤੇ ਸਵੇਰੇ ਤੜਕੇ ਉੱਠਣ ਨਾਲ ਸਿਹਤ,ਧਨ ਅਤੇ ਬੁੱਧੀ ਤਿੰਨੇ ਪ੍ਰਾਪਤ ਹੁੰਦੇ ਹਨ। ਸਵੇਰੇ ਤੜਕੇ ਉਠਣ ਨਾਲ ਬੰਦੇ ਨੇ ਆਪਣਾ ਬਹੁਤ ਸਾਰਾ ਕੰਮ ਮੁਕਾ ਲਿਆ ਹੁੰਦਾ ਹੈ,

ਜਿਸ ਵੇਲੇ ਕਿ ਦਲਿੱਦਰੀ ਹਾਲੇ ਬਿਸਤਰੇ ਵਿੱਚ ਘਰਾੜੇ ਮਾਰ ਰਹੇ ਹੁੰਦੇ ਹਨ। ਸਵੇਰੇ ਤੜਕੇ ਉੱਠਣ ਵਾਲਾ ਬਾਹਰ ਸੈਰ ਨੂੰ ਜਾ ਸਕਦਾ ਹੈ, ਕਸਰਤ ਕਰ ਸਕਦਾ ਹੈ, ਜਿਸ ਨਾਲ ਉਹ ਸਾਰਾ ਦਿਨ ਖੁਸ਼ ਰਹਿੰਦਾ ਹੈ ਅਤੇ ਬਿਨਾਂ ਥਕੇਵੇਂ ਦੇ ਕੰਮ ਕਰ ਸਕਦਾ ਹੈ। ਉਸ ਨੂੰ ਕਿਸੇ ਕੰਮ ਵਿੱਚ ਕਾਹਲ ਕਰਨ ਦੀ ਲੋੜ ਨਹੀਂ ਹੁੰਦੀ। ਕੰਮ ਉਹਦੇ ਉੱਤੇ ਸਵਾਰ ਨਹੀਂ ਹੁੰਦਾ, ਉਹ ਕੰਮ ਉੱਤੇ ਸਵਾਰ ਹੁੰਦਾ ਹੈ।ਉਹ ਬਿਨਾਂ ਘਬਰਾਹਟ, ਹਫ਼ੜਾਦਫ਼ੜੀ ਦੇ ਆਪਣੀ ਕੁਦਰਤੀ ਚਾਲ ਨਾਲ ਚੱਲਦਾ ਹੈ। ਉਹ ਕੰਮ ਖਰਾ ਕਰੇਗਾ ਅਤੇ ਅਰਾਮ ਕਰਨ ਲਈ ਵੀ ਕਾਫ਼ੀ ਸਮਾਂ ਬਚਾ ਲਵੇਗਾ। ਜਿਹੜੀ ਸੁਆਣੀ ਸੂਰਜ ਦੇਵਤਾ ਨਾਲ ਜਿੱਦ ਲਾ ਕੇ ਸੁੱਤੀ ਰਹਿੰਦੀ ਹੈ ਕਿ ਤੂੰ ਉਦੈ ਹੋਵੇਗਾ ਤਾਂ ਉੱਠਾਂਗੀ, ਉਹਦੇ ਤੋਂ ਘਰ ਵਾਲਿਆਂ ਨੇ ਕੀ ਆਸ ਰੱਖਣੀ?

**5.** ਹੇਠ ਲਿਖੇ ਸ਼ਬਦਾਂ ਵਿੱਚੋਂ ਕਿਸੇ ਇੱਕ ਸ਼ਬਦ-ਸਮੂਹ ਨੂੰ ਸ਼ਬਦ-ਕੋਸ਼ ਤਰਤੀਬ ਅਨੁਸਾਰ ਲਿਖੋ: **5**

| (1) | (2) |
|---|---|
| ਖੁਸ਼ਕ | ਤਾਨਾਸ਼ਾਹੀ |
| ਛਣਕਾਰ | ਧੋਖਾ |
| ਟੁੱਟ-ਭੱਜ | ਪਕੌੜਾ |
| ਚੰਦਨ | ਫੱਟੜ |
| ਨਰਗਿਸ | ਗਿਰਝ |
| ਨਖੱਟੂ | ਜੁਲਫ਼ |

**6.** ਹੇਠ ਲਿਖੇ ਵਾਕਾਂ ਵਿੱਚੋਂ ਕਿਸੇ ਤਿੰਨ ਵਾਕਾਂ ਦਾ ਬੈਕਟ ਵਿੱਚ ਦਿੱਤੇ ਨਿਰਦੇਸ਼ ਅਨੁਸਾਰ ਵਾਰ ਵਟਾਂਦਰਾ ਕਰੋ :

(i) ਕਿਸੇ ਨਾਲ ਕੌੜਾ ਨਾ ਬੋਲੋ। (ਹਾਂ-ਵਾਚਕ-ਵਾਕ) **1**

(ii) ਉਹ ਬਿਮਾਰ ਹੋਣ ਕਰਕੇ ਅੱਜ ਸਕੂਲ ਨਹੀਂ ਆਇਆ। (ਮਿਸ਼ਰਿਤ-ਵਾਕ) **1**

(iii) ਭਾਵੇਂ ਤੁਸੀਂ ਦੌਲਤਮੰਦ ਹੋ ਤਾਂ ਵੀ ਤੁਸੀਂ ਸੁਖੀ ਨਹੀਂ ਹੈ। (ਸੰਜੁਗਤ-ਵਾਕ) **1**

(iv) ਕੋਈ ਸੋਹਣਾ ਜਿਹਾ ਗੀਤ ਸੁਣਾਓ। (ਪ੍ਰਸ਼ਨ-ਵਾਚਕ-ਵਾਕ) **1**

(v) ਕਾਸ਼ ! ਮੈਂ ਡਾਕਟਰ ਹੁੰਦਾ। (ਸਧਾਰਨ-ਵਾਕ) **1**

**7.** ਹੇਠ ਲਿਖੀਆਂ ਅਖਾਉਤਾਂ ਵਿੱਚੋਂ ਕਿਸੇ ਚਾਰ ਨੂੰ ਵਾਕਾਂ ਵਿੱਚ ਵਰਤੋਂ ਜਾਂ ਉਹਨਾਂ ਦੀ ਵਰਤੋਂ ਦੀਆਂ ਸਥਿਤੀਆਂ ਦੱਸੋ :

(ੳ) ਉੱਠੇ ਤਾਂ ਉੱਠ ਨਹੀਂ ਰੇਤੇ ਦੀ ਮੁੱਠ **1**

(ਅ) ਆਪੇ ਫਾਥੜੀਏ ਤੈਨੂੰ ਕੌਣ ਛੁਡਾਏ **1**

(ੲ) ਸੰਗ ਤਾਰੇ-ਕੁਸੰਗ ਡੋਬੇ **1**

(ਸ) ਹਿੰਗ ਲੱਗੇ ਨਾ ਫਟਕੜੀ ਰੰਗ ਚੋਖਾ ਆਵੇ **1**

(ਹ) ਘਰ ਦਾ ਸੜਿਆ ਵਣ ਗਿਆ ਵਣ ਨੂੰ ਲੱਗੀ ਅੱਗ **1**

(ਕ) ਨਵਾਂ ਨੌ ਦਿਨ ਪੁਰਾਣਾ ਸੌ ਦਿਨ **1**

(ਖ) ਘਰ ਦਾ ਜੋਗੀ ਜੋਗੜਾ ਬਾਹਰ ਦਾ ਜੋਗੀ ਸਿੱਧ। **1**

**8.** ਕਿਸੇ ਇੱਕ ਕਵਿਤਾ ਦਾ ਕੇਂਦਰੀ-ਭਾਵ ਲਿਖੋ :

(ੳ) ਵਗਦੇ ਪਾਣੀ (ਡਾ. ਦੀਵਾਨ ਸਿੰਘ ਕਾਲੇਪਾਣੀ) **4**

(ਅ) ਤਾਜ ਮਹਲ (ਪ੍ਰੋ. ਮੋਹਨ ਸਿੰਘ) **4**

(ੲ) ਗੀਤ (ਸ਼ਿਵ ਕੁਮਾਰ ਬਟਾਲਵੀ) **4**

9. ਕਿਸੇ ਇੱਕ ਕਹਾਣੀ ਦਾ ਸਾਰ ਲਿਖੋ :

(ੳ) ਨੀਲੀ (ਕਰਤਾਰ ਸਿੰਘ ਦੁੱਗਲ) **7**

(ਅ) ਮਾੜਾ ਬੰਦਾ (ਪ੍ਰੇਮ ਪ੍ਰਕਾਸ਼) **7**